# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :13-04-2026**

**ਪਹਿਲਾਂ ਇਸ ਬੁਲੇਟੀਨ ਦੀਆਂ ਖਾਸ ਖਬਰਾਂ**

- ਪੰਜਾਬ ਵਿਧਾਨ ਸਭਾ ਦੇ ਅੱਜ ਵਿਸ਼ੇਸ਼ ਤੌਰ 'ਤੇ ਬੁਲਾਏ ਗਏ ਇਜਲਾਸ ਵਿੱਚ, ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਏ.
- ਰਾਸ਼ਟਰ ਅੱਜ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਸ਼ਹੀਦਾਂ ਨੂੰ ਨਮਨ ਕਰ ਰਿਹਾ ਏ.
- ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਪਲਾਸਟਿਕ-ਮੁਕਤ, ਕੁਦਰਤ-ਲਈ ਸੁਖਾਵੇਂ ਧਾਰਮਿਕ ਇਕੱਠਾਂ ਦਾ ਸੱਦਾ ਦਿੱਤਾ ਗਿਆ ਏ.
- ਮੌਸਮ ਵਿਭਾਗ ਨੇ ਕਿਹੈ ਕਿ ਇਸ ਸਾਲ ਜੂਨ ਤੋਂ ਸਤੰਬਰ ਤੱਕ ਦੱਖਣ-ਪੱਛਮੀ ਮਾਨਸੂਨ ਦੀ ਮੌਸਮੀ ਬਾਰਿਸ਼ ਦੇ ਆਮ ਨਾਲੋਂ ਘੱਟ ਰਹਿਣ ਦੀ ਸੰਭਾਵਨਾ ਏ ।

- IPL ਕ੍ਰਿਕੇਟ ਵਿੱਚ, ਅੱਜ ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਰਾਜਸਥਾਨ ਰਾਇਲਜ਼ ਨਾਲ ਹੋਵੇਗਾ।

---

ਪੰਜਾਬ ਵਿਧਾਨ ਸਭਾ ਨੇ ਅੱਜ ਵਿਸ਼ੇਸ਼ ਤੌਰ 'ਤੇ ਬੁਲਾਏ ਇਜਲਾਸ ਦੌਰਾਨ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026' ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਏ. ਇਸ ਬਿਲ ਦਾ ਮਤਾ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੇਸ਼ ਕੀਤਾ ਜਿਸ ਉਪਰੰਤ ਸਭਾ ਵਲੋਂ ਇਸ ਨੂੰ ਜ਼ਬਾਨੀ ਵੋਟ ਨਾਲ ਪਾਸ ਕਰ ਦਿੱਤਾ ਗਿਆ- byte –

ਇਸ ਸੋਧ ਬਿੱਲ ਵਿੱਚ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਵਿਰੁੱਧ ਸਖ਼ਤ ਸਜ਼ਾ ਦਾ ਪ੍ਰਬੰਧ ਏ। ਬੇਅਦਬੀ ਦੇ ਕੰਮਾਂ ਵਿੱਚ ਸ਼ਾਮਲ ਜਾਂ ਇਸ ‘ਚ ਮਦਦ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ 10 ਸਾਲ ਤੋਂ ਲੈ ਉਮਰ ਕੈਦ ਤਕ ਦੀ ਸਜ਼ਾ ਅਤੇ 5 ਲੱਖ ਰੁਪਏ ਤੋਂ 25 ਲੱਖ ਰੁਪਏ ਤੱਕ ਦਾ ਜੁਰਮਾਨਾ ਕੀਤਾ ਜਾ ਸਕਦਾ ਏ। ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਬਿੱਲ ਦੀ ਹਮਾਇਤ ਕਰਨ ਤੋਂ ਬਾਅਦ ਰਾਸ਼ਟਰਪਤੀ ਦੀ ਸਹਿਮਤੀ ਦੀ ਜ਼ਰੂਰਤ ਬਾਰੇ ਚਿੰਤਾਵਾਂ ਜ਼ਾਹਰ ਕੀਤੀਆਂ। ਜਦਕਿ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ, ਬਿੱਲ ਨੂੰ ਸਿਰਫ਼ ਰਾਜਪਾਲ ਦੀ ਪ੍ਰਵਾਨਗੀ ਦੀ ਲੋੜ ਏ। ਬਿਲ ‘ਤੇ ਚਰਚਾ ਦੌਰਾਨ, ਵਿਰੋਧੀ ਪਾਰਟੀਆਂ ਦੇ ਆਗੂਆਂ ਨੇ ਬਿੱਲ ਅਤੇ ਕੁਝ ਪਿਛਲੀਆਂ ਕਮੇਟੀਆਂ ਵੱਲੋਂ

ਬੇਅਦਬੀ ਅਤੇ ਹੋਰ ਮੁੱਦਿਆਂ 'ਤੇ ਰਿਪੋਰਟਾਂ, ਨਾ ਪੇਸ਼ ਕਰਨ ਬਾਰੇ, ਕੁਝ ਚਿੰਤਾਵਾਂ ਉਠਾਈਆਂ ਪਰ ਬਾਅਦ ਵਿੱਚ ਸਰਬਸੰਮਤੀ ਨਾਲ ਬਿੱਲ ਨੂੰ ਪਾਸ ਕਰਨ ਦੀ ਹਮਾਇਤ ਕੀਤੀ. ਇਸ ਤੋਂ ਪਹਿਲਾਂ, ਸਪੀਕਰ, ਕੁਲਤਾਰ ਸਿੰਘ ਸੰਧਵਾਂ ਨੇ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਸ਼ਹੀਦਾਂ, ਆਸ਼ਾ ਭੋਂਸਲੇ, ਜਿਹਨਾਂ ਦਾ ਕੱਲ੍ਹ ਦੇਹਾਂਤ ਹੋਇਆ ਏ, ਵਰਿੰਦਾਵਨ ਵਿੱਚ ਵਾਪਰੇ ਦੁਖਦਾਈ ਹਾਦਸੇ ਅਤੇ ਹਿਮਾਚਲ ਪ੍ਰਦੇਸ਼ ਦੇ ਮੰਡੀ ਵਿਚਲੇ ਹਾਦਸੇ, ਜਿਹਨਾਂ ਵਿੱਚ ਪੰਜਾਬ ਦੇ ਕਈ ਵਸਨੀਕਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ, ਦੇ ਪੀੜਤਾਂ ਨੂੰ ਸ਼ਰਧਾਂਜਲੀਆਂ ਭੇਂਟ ਕਰਕੇ ਕਾਰਵਾਈ ਸ਼ੁਰੂ ਕੀਤੀ. ਸਾਡੇ ਜਲੰਧਰ ਵਾਲੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ ਸੰਤ ਸਮਾਜ ਦੇ ਮੈਂਬਰ ਅਤੇ ਵੱਖ-ਵੱਖ ਡੇਰਿਆਂ ਦੇ ਆਗੂ ਵੀ ਇਸ ਵਿਸ਼ੇਸ਼ ਇਜਲਾਸ ਦੀ ਕਾਰਵਾਈ ਦੌਰਾਨ ਮੌਜੂਦ ਸਨ। ਬਿਲ ਪਾਸ ਹੋਣ ਤੋਂ ਬਾਅਦ ਵਿਧਾਨਸਭਾ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤਾ ਗਿਆ.

---------------------------------------------------------------------------------

ਰਾਸ਼ਟਰ ਅੱਜ ਉਨ੍ਹਾਂ ਸੈਂਕੜੇ ਨਿਰਦੋਸ਼ ਲੋਕਾਂ ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ ਜਿਨ੍ਹਾਂ ਨੂੰ 1919 ਵਿੱਚ ਬਰਤਾਨਵੀ ਅਫਸਰ ਰੇਜੀਨਾਲਡ ਡਾਇਰ ਵਲੋਂ ਪੰਜਾਬ ਦੇ ਅੰਮ੍ਰਿਤਸਰ, ਵਿਖੇ ਜਲ੍ਹਿਆਂਵਾਲਾ ਬਾਗ ਵਿੱਚ ਬੇਰਹਿਮੀ ਨਾਲ ਮਾਰ ਦਿੱਤਾ ਗਿਆ ਸੀ ।

ਜਲ੍ਹਿਆਂਵਾਲਾ ਬਾਗ ਰਾਸ਼ਟਰੀ ਯਾਦਗਾਰੀ ਟਰੱਸਟ ਨੇ ਮਾਸੂਮ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕਰਨ ਲਈ ਇੱਕ ਸਮਾਗਮ ਕਰਾਇਆ. ਪੇਸ਼ ਏ ਇੱਕ ਰਿਪੋਰਟ –v / c

---------------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਅਤੇ ਗ੍ਰਿਹ ਮੰਤਰੀ ਅਮਿਤ ਸ਼ਾਹ ਨੇ ਅੱਜ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ. ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਅੰਮ੍ਰਿਤਸਰ ਦੇ ਜਲ੍ਹਿਆਂਵਾਲਾ ਬਾਗ਼ ਵਿਖੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਮਹਾਨ ਸ਼ਹੀਦਾਂ ਨੂੰ ਨਮਨ ਕੀਤਾ ਏ.

---------------------------------------------------------------------------

ਪੰਜਾਬ ਵਿੱਚ ਹੋਣ ਵਾਲੀਆਂ ਧਾਰਮਿਕ ਇਕੱਤਰਤਾਵਾਂ ਮੌਕੇ ਪਲਾਸਟਿਕ ਰਹਿਤ ਚੁਗਿਰਦਾ ਸਿਰਜਣ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਪਰਸਨ ਰੀਨਾ ਗੁਪਤਾ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕੀਤੀ । ਉਨ੍ਹਾਂ ਦੱਸਿਆ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਈ ਇਸ ਬੈਠਕ ਦੌਰਾਨ ਪੰਜਾਬ ਦੇ ਲੋਕਾਂ ਨੂੰ ਧਾਰਮਿਕ ਅਤੇ ਸੱਭਿਆਚਾਰਕ ਇਕੱਠਾਂ ਦੌਰਾਨ ਚੁਗਿਰਦਾ ਪੱਖੀ ਵਤੀਰਾ ਅਪਣਾਉਣ ਲਈ ਇੱਕ ਸਾਂਝੀ ਅਪੀਲ

ਜਾਰੀ ਕੀਤੀ ਗਈ ਏ ।ਰੀਨਾ ਗੁਪਤਾ ਨੇ ਦੱਸਿਆ ਕਿ ਇਸ ਅਪੀਲ ਵਿੱਚ ਸਮੁੱਚੀ ਸੰਗਤ ਨੂੰ ਸੱਦਾ ਦਿੱਤਾ ਗਿਆ ਏ ਕਿ ਉਹ ਇੱਕੋ ਵਾਰ ਵਰਤੋਂ ਯੋਗ ਜਾਂ ਸਿੰਗਲ ਯੂਜ਼ ਪਲਾਸਟਿਕ ਅਤੇ ਥਰਮੋਕੋਲ-ਅਧਾਰਿਤ ਉਤਪਾਦਾਂ ਦੀ ਵਰਤੋਂ ਤੋਂ ਬਚਣ, ਖਾਸ ਕਰਕੇ ਲੰਗਰ, ਪ੍ਰਸ਼ਾਦ ਅਤੇ ਹੋਰ ਸੇਵਾਵਾਂ ਵਿੱਚ ਇਹਨਾਂ ਦੀ ਵਰਤੋਂ ਤੋਂ ਬਚਿਆ ਜਾਵੇ. ਓਹਨਾਂ ਕਿਹਾ ਕਿ ਗੁਰੂ ਸਾਹਿਬਾਨਾਂ ਦੇ ਉਪਦੇਸ਼ ਮੁਤਾਬਕ ਸੇਵਾ ਅਤੇ ਕੁਦਰਤ ਦੇ ਸਤਿਕਾਰ ਦੀਆਂ ਸਿੱਖ ਰਵਾਇਤਾਂ ਦੇ ਅਨੁਸਾਰ ਮੁੜ ਵਰਤੋਂ ਯੋਗ ਸਟੀਲ ਦੇ ਭਾਂਡਿਆਂ ਨੂੰ ਹੀ ਵਰਤਿਆ ਜਾਵੇ । ਰੀਨਾ ਗੁਪਤਾ ਨੇ ਕਿਹਾ ਕਿ ਇਹ ਗੰਭੀਰ ਸਿਹਤ ਜੋਖਮ ਪੈਦਾ ਕਰ ਰਹੇ ਹਨ। ਉਨ੍ਹਾਂ ਨੇ ਨਾਗਰਿਕਾਂ ਨੂੰ ਰੋਜ਼ਾਨਾ ਜੀਵਨ ਵਿੱਚ ਵਾਤਾਵਰਨ ਪੱਖੀ ਢੰਗ – ਤਰੀਕਿਆਂ ਨੂੰ ਅਪਣਾਉਣ ਦੀ ਅਪੀਲ ਕੀਤੀ, ਜਿਸ ਵਿੱਚ ਪਲਾਸਟਿਕ ਦੀ ਵਰਤੋਂ ਨੂੰ ਘੱਟ ਤੋਂ ਘੱਟ ਕਰਨਾ ਅਤੇ ਕੱਪੜੇ ਅਤੇ ਜੂਟ ਦੇ ਥੈਲਿਆਂ ਦੀ ਚੋਣ ਕਰਨਾ ਸ਼ਾਮਲ ਏ । ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਜ਼ੋਰ ਦੇ ਕੇ ਕਿਹਾ ਕਿ ਧਾਰਮਿਕ ਸਥਾਨਾਂ ਦੀ ਪਵਿੱਤਰਤਾ ਨੂੰ ਸੁਰੱਖਿਅਤ ਰੱਖਣ ਵਿੱਚ ਚੁਗਿਰਦੇ ਦੀ ਦੇਖਭਾਲ ਸ਼ਾਮਲ ਏ । ਉਨ੍ਹਾਂ ਨੇ ਵਧਦੇ ਸ਼ਹਿਰੀਕਰਨ ਦਰਮਿਆਨ ਪੰਜਾਬ ਦੇ ਹਰੇ ਭਰੇ ਖੇਤਰ ਨੂੰ ਵਧਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ‘ਰੁੱਖਾਂ’ ਦੀ ਮਹੱਤਤਾ ਤੇ ਕੁਦਰਤ ਨਾਲ ਇਕਸੁਰਤਾ ਵਿੱਚ ਰਹਿਣਾ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਅਤੇ ਸਿੱਖ ਧਰਮ ਦਾ

ਅਨਿੱਖੜਵਾਂ ਅੰਗ ਰਿਹਾ ਏ । ਜਥੇਦਾਰ ਗੜਗੱਜ ਤੇ ਚੇਅਰਪਰਸਨ ਨੇ ਆਨੰਦਪੁਰ ਸਾਹਿਬ ਵਿਖੇ ਪਲਾਸਟਿਕ-ਮੁਕਤ ਹੋਲਾ ਮੁਹੱਲਾ ਪਹਿਲਕਦਮੀ ਦੀ ਸ਼ਲਾਘਾ ਵੀ ਕੀਤੀ.

---------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਭਿੰਡੀ ਸੈਦਾ ਥਾਣੇ 'ਤੇ ਹੋਏ ਗ੍ਰੇਨੇਡ ਹਮਲੇ ਦੇ ਮਾਮਲੇ ਵਿੱਚ, ਵੱਡੀ ਕਾਮਯਾਬੀ ਹਾਸਲ ਕਰਦਿਆਂ, 6 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਏ। ਇਹ ਕਾਰਵਾਈ ਪੰਜਾਬ ਪੁਲਿਸ ਵੱਲੋਂ "ਗੈਂਗਸਟਰਾਂ 'ਤੇ ਵਾਰ" ਮੁਹਿੰਮ ਤਹਿਤ ਕੀਤੀ ਗਈ ਏ। ਪੁਲਿਸ ਜਾਂਚ ਮੁਤਾਬਕ ਇਹ ਪੂਰਾ MODULE ਪਾਕਿਸਤਾਨੀ ਹੈਂਡਲਰ ਨਾਲ ਜੁੜਿਆ ਹੋਇਆ ਸੀ ਅਤੇ ਇਸਨੂੰ ਪਾਕਿਸਤਾਨੀ ਖੁਫੀਆ ਏਜੇਂਸੀ ISI ਦੀ ਸਹਾਇਤਾ ਮਿਲ ਰਹੀ ਸੀ। ਮੁਲਜ਼ਮਾਂ ਨੂੰ ਦਹਿਸ਼ਤਗਰਦ ਗਤੀਵਿਧੀਆਂ ਲਈ ਤਿਆਰ ਕੀਤਾ ਗਿਆ ਸੀ ਅਤੇ ਪੈਸਿਆਂ ਦੇ ਲਾਲਚ ਅਤੇ ਕੱਟੜਪੰਥੀ ਸੋਚ ਨਾਲ ਭਰਤੀ ਕੀਤਾ ਗਿਆ ਸੀ। ਪੁਲਿਸ ਨੇ ਇਨ੍ਹਾਂ ਮੁਲਜ਼ਮਾਂ ਦੇ ਕਬਜ਼ੇ ਵਿਚੋਂ, ਦੋ ਪਿਸਤੌਲ ਅਤੇ ਹੋਰ ਅਹਿਮ ਸਬੂਤ ਵੀ ਬਰਾਮਦ ਕੀਤੇ ਨੇ. SSP ਅੰਮ੍ਰਿਤਸਰ ਦਿਹਾਤੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ, ਵੱਖ-ਵੱਖ ਧਾਰਾਵਾਂ ਹੇਠ ਕੇਸ ਦਰਜ ਕਰ ਲਿਆ ਗਿਆ ਏ।

---------------------------------------------------

ਮਹਾਨ ਗਾਇਕਾ ਆਸ਼ਾ ਭੋਂਸਲੇ ਦਾ ਅੰਤਿਮ ਸੰਸਕਾਰ ਅੱਜ ਸ਼ਾਮ 4 ਵਜੇ ਮੁੰਬਈ ਦੇ ਸ਼ਿਵਾਜੀ ਪਾਰਕ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਵੇਗਾ। ਉਨ੍ਹਾਂ ਦਾ ਕੱਲ੍ਹ ਮੁੰਬਈ ਦੇ ਇੱਕ ਨਿੱਜੀ ਹਸਪਤਾਲ ਵਿੱਚ 92 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੇ ਅੰਤਿਮ ਦਰਸ਼ਨਾਂ ਲਈ ਵੱਡੀ ਗਿਣਤੀ ਵਿਚ ਲੋਕ, ਉਨ੍ਹਾਂ ਦੇ ਨਿਵਾਸ ਸਥਾਨ 'ਤੇ ਪਹੁੰਚ ਰਹੇ ਨੇ। ਜਨਤਾ ਦੇ ਦਰਸ਼ਨਾਂ ਤੋਂ ਬਾਅਦ, ਉਨ੍ਹਾਂ ਦੀ ਦੇਹ ਨੂੰ ਦਾਦਰ ਦੇ ਸ਼ਿਵਾਜੀ ਪਾਰਕ ਸ਼ਮਸ਼ਾਨਘਾਟ ਲੈਜਾਇਆ ਜਾਵੇਗਾ, ਜਿੱਥੇ ਉਨ੍ਹਾਂ ਦਾ ਅੰਤਿਮ ਸੰਸਕਾਰ ਕੀਤਾ ਜਾਵੇਗਾ।

---------------------------------------------------

ਸਿਆਚਿਨ ਦਿਵਸ 'ਤੇ ਭਾਰਤੀ ਫੌਜ, ਤੇ ਹਵਾਈ ਫੌਜ ਨੇ ਅੱਜ ਉਨ੍ਹਾਂ ਬਹਾਦਰਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ ਜਿਨ੍ਹਾਂ ਨੇ ਲੱਦਾਖ ਵਿੱਚ ਦੁਨੀਆ ਦੇ ਸਭ ਤੋਂ ਉੱਚੇ ਯੁੱਧ ਖੇਤਰ, ਸਿਆਚਿਨ ਦੀ ਰੱਖਿਆ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਨੇ. 1984 ਵਿੱਚ ਇਸੇ ਦਿਨ ਆਪ੍ਰੇਸ਼ਨ ਮੇਘਦੂਤ ਸ਼ੁਰੂ ਕੀਤਾ ਗਿਆ ਸੀ, ਜਦੋਂ ਭਾਰਤੀ ਫੌਜ ਅਤੇ ਭਾਰਤੀ ਹਵਾਈ ਫੌਜ ਉੱਤਰੀ ਲੱਦਾਖ ਖੇਤਰ, ਉਚਾਈਆਂ ਨੂੰ ਸੁਰੱਖਿਅਤ ਕਰਨ ਲਈ ਸਿਆਚਿਨ ਗਲੇਸ਼ੀਅਰ ਵੱਲ ਵਧੇ ਸਨ । ਇਸ ਆਪ੍ਰੇਸ਼ਨ ਵਿੱਚ ਭਾਰਤੀ ਹਵਾਈ ਫੌਜ ਵਲੋਂ ਭਾਰਤੀ ਫੌਜ ਦੇ ਜਵਾਨਾਂ ਨੂੰ ਹਵਾਈ

ਜਹਾਜ਼ ਰਾਹੀਂ ਗਲੇਸ਼ੀਅਰ ਦੀਆਂ ਚੋਟੀਆਂ 'ਤੇ ਪਹੁਚਾਉਣਾ ਸ਼ਾਮਿਲ ਸੀ।

-----------------------------------------------------------

ਇਸ ਸਾਲ ਜੂਨ ਤੋਂ ਸਤੰਬਰ ਤੱਕ ਦੱਖਣ-ਪੱਛਮੀ ਮਾਨਸੂਨ ਦੀ ਮੌਸਮੀ ਬਾਰਿਸ਼ ਦੇ ਆਮ ਨਾਲੋਂ ਘੱਟ ਰਹਿਣ ਦੀ ਉਮੀਦ ਏ। ਅੱਜ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਭਾਰਤੀ ਮੌਸਮ ਵਿਭਾਗ (IMD) ਦੇ ਡਾਇਰੈਕਟਰ ਜਨਰਲ ਮ੍ਰਿਤੁੰਜਯ ਮਹਾਪਾਤਰਾ ਨੇ ਕਿਹਾ ਕਿ ਦੇਸ਼ ਭਰ ਵਿੱਚ ਮੌਸਮੀ ਬਾਰਿਸ਼ ਲੰਮੇ ਸਮੇਂ ਦੀ ਔਸਤ ਦੇ 92 ਫੀਸਦੀ ਹੋਣ ਦੀ ਸੰਭਾਵਨਾ ਏ। ਸ਼੍ਰੀ ਮਹਾਪਾਤਰਾ ਨੇ ਕਿਹਾ ਕਿ ਮਾਨਸੂਨ ਮਿਸ਼ਨ ਜਲਵਾਯੂ ਪੇਸ਼ੀਨਗੋਈ ਪ੍ਰਣਾਲੀ ਨੇ ਦੱਖਣ-ਪੱਛਮੀ ਮਾਨਸੂਨ ਮੌਸਮ ਦੌਰਾਨ ਅਲ ਨੀਨੋ ਸਥਿਤੀ ਬਣਨ ਦੀ ਪੇਸ਼ੀਨਗੋਈ ਕੀਤੀ ਏ. 2003 ਤੋਂ, ਭਾਰਤੀ ਮੌਸਮ ਵਿਭਾਗ ਪੂਰੇ ਦੇਸ਼ ਵਿੱਚ ਦੱਖਣ-ਪੱਛਮੀ ਮਾਨਸੂਨ ਮੌਸਮੀ ਦੀ (ਜੂਨ ਤੋਂ ਸਤੰਬਰ) ਤਕ ਬਾਰਿਸ਼ ਲਈ ਦੋ ਪੜਾਵਾਂ ਵਿੱਚ ਔਸਤਨ ਕਾਰਜਸ਼ੀਲ ਲੰਮੀ-ਸੀਮਾ ਦੀ ਪੇਸ਼ੀਨਗੋਈ ਜਾਰੀ ਕਰ ਰਿਹਾ ਏ।

-----------------------------------------------------------

ਉਤਰੀ ਰੇਲਵੇ ਦੇ ਫਿਰੋਜ਼ਪੁਰ ਮੰਡਲ ਵੱਲੋਂ ਰੇਲ ਮੁਸਾਫ਼ਰਾਂ ਨੂੰ ਡਿਜ਼ਿਟਲ ਟਿਕਟਿੰਗ ਬਾਰੇ ਜਾਗਰੂਕ ਕਰਨ ਅਤੇ RailOne ਐਪ ਦੇ ਵੱਧ ਤੋਂ ਵੱਧ

ਇਸਤੇਮਾਲ ਨੂੰ ਉਤਸ਼ਾਹਿਤ ਕਰਨ ਲਈ, 6 ਅਪ੍ਰੈਲ ਤੋਂ 26 ਅਪ੍ਰੈਲ ਤੱਕ, 21 ਦਿਨਾਂ ਦੀ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਏ। ਮੁਹਿੰਮ ਦੀ ਸ਼ੁਰੂਆਤ, ਲੁਧਿਆਣਾ ਸਟੇਸ਼ਨ ਤੋਂ ਕੀਤੀ ਗਈ ਸੀ ਅਤੇ ਹੁਣ ਹਰ ਰੋਜ਼ ਵੱਖ-ਵੱਖ ਸਟੇਸ਼ਨਾਂ 'ਤੇ ਜਾਗਰੂਕਤਾ ਪ੍ਰੋਗਰਾਮ ਕਰਵਾਏ ਜਾ ਰਹੇ ਨੇ। ਮੁਹਿੰਮ ਤਹਿਤ ਡੈਮੋ ਬੂਥ, ਟਿਕਟ ਚੈਕਿੰਗ ਸਟਾਫ ਅਤੇ ਖਿਡਾਰੀਆਂ ਦੀ ਹਿੱਸੇਦਾਰੀ ਨਾਲ ਜਾਗਰੂਕਤਾ ਪ੍ਰੋਗਰਾਮ, ਨੁੱਕੜ ਨਾਟਕ, ਰੈਲੀਆਂ ਤੇ ਪਦਯਾਤਰਾ ਵਰਗੀਆਂ ਗਤੀਵਿਧੀਆਂ ਸ਼ਾਮਲ ਨੇ।

--------------------------------------------------

IPL ਕ੍ਰਿਕਟ ਮੈਚ ਵਿੱਚ, ਅੱਜ ਹੈਦਰਾਬਾਦ ਦੇ ਰਾਜੀਵ ਗਾਂਧੀ ਅੰਤਰਰਾਸ਼ਟਰੀ ਸਟੇਡੀਅਮ ਵਿੱਚ ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਰਾਜਸਥਾਨ ਰਾਇਲਜ਼ ਨਾਲ ਹੋਵੇਗਾ। ਇਹ ਮੈਚ ਸ਼ਾਮੀਂ ਸਾਢੇ 7 ਵਜੇ ਸ਼ੁਰੂ ਹੋਵੇਗਾ।

--------------------------------------------------

- 1 ਪੰਜਾਬ ਵਿਧਾਨ ਸਭਾ ਦੇ ਅੱਜ ਵਿਸ਼ੇਸ਼ ਤੌਰ 'ਤੇ ਬੁਲਾਏ ਗਏ ਇਜਲਾਸ ਵਿੱਚ, ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਬਿੱਲ, 2026 ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਏ.

- ਰਾਸ਼ਟਰ ਅੱਜ ਜਲ੍ਹਿਆਂਵਾਲਾ ਬਾਗ ਕਤਲੇਆਮ ਦੇ ਸ਼ਹੀਦਾਂ ਨੂੰ ਨਮਨ ਕਰ ਰਿਹਾ ਏ.
- ਸ੍ਰੀ ਅਕਾਲ ਤਖ਼ਤ ਸਾਹਿਬ ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਪਲਾਸਟਿਕ-ਮੁਕਤ, ਕੁਦਰਤ-ਲਈ ਸੁਖਾਵੇਂ ਧਾਰਮਿਕ ਇਕੱਠਾਂ ਦਾ ਸੱਦਾ ਦਿੱਤਾ ਗਿਆ ਏ.
- ਮੌਸਮ ਵਿਭਾਗ ਨੇ ਕਿਹੈ ਕਿ ਇਸ ਸਾਲ ਜੂਨ ਤੋਂ ਸਤੰਬਰ ਤੱਕ ਦੱਖਣ-ਪੱਛਮੀ ਮਾਨਸੂਨ ਦੀ ਮੌਸਮੀ ਬਾਰਿਸ਼ ਦੇ ਆਮ ਨਾਲੋਂ ਘੱਟ ਰਹਿਣ ਦੀ ਸੰਭਾਵਨਾ ਏ।
- IPL ਕ੍ਰਿਕੇਟ ਵਿੱਚ, ਅੱਜ ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਰਾਜਸਥਾਨ ਰਾਇਲਜ਼ ਨਾਲ ਹੋਵੇਗਾ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ.**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ**

**ਸ਼ਾਮ ਸਾਢੇ 7 ਵਜੇ ਹੋਏਗਾ**

**ਨਮਸ੍ਕਾਰ**